# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 10-08-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਭਾਰਤੀ ਖੇਤੀ ਖੋਜ ਸੰਸਥਾਨ ਨਵੀਂ ਦਿੱਲੀ ਵਿਖੇ, 109 ਉੱਚ-ਉਪਜ ਵਾਲੀਆਂ, ਜਲਵਾਯੂ ਅਨੁਕੂਲ ਅਤੇ ਜੈਵ-ਸਸ਼ਕਤ ਫਸਲਾਂ ਦੀਆਂ ਕਿਸਮਾਂ ਜਾਰੀ ਕਰਨਗੇ।
- ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਬੈਂਕਾਂ ਨੂੰ, 'ਕੋਰ ਬੈਂਕਿੰਗ' 'ਤੇ ਧਿਆਨ ਦੇਣ ਦੀ ਜਰੂਰਤ 'ਤੇ ਜ਼ੋਰ ਦਿੱਤਾ ਏ।
- ਭਾਰਤ ਦੇ ਚੀਫ਼ ਜਸਟਿਸ ਡੀ. ਵਾਈ. ਚੰਦਰਚੂੜ ਨੇ, ਪੀ. ਜੀ. ਆਈ. ਚੰਡੀਗੜ੍ਹ ਨੂੰ ਮੈਡੀਕਲ ਗਿਆਨ ਤੇ ਖੋਜ ਵਿਚ ਸਭ ਤੋਂ ਉੱਤਮ ਸੰਸਥਾ ਦੱਸਿਆ।
- ਪੈਰਿਸ ਓਲੰਪਿਕ 'ਚ ਕਾਂਸੀ ਦਾ ਤਗਮਾ ਜਿੱਤਣ ਵਾਲੀ, ਭਾਰਤੀ ਮਰਦ ਹਾਕੀ ਟੀਮ ਦੇ ਖਿਡਾਰੀਆਂ ਦਾ ਦਿੱਲੀ ਹਵਾਈ ਅੱਡੇ ਪਹੁੰਚਣ 'ਤੇ, ਢੋਲ-ਢਮਾਕੇ ਨਾਲ ਸ਼ਾਨਦਾਰ ਸਵਾਗਤ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ, ਭਾਰਤੀ ਖੇਤੀ ਖੋਜ ਸੰਸਥਾਨ ਆਈ. ਏ. ਆਰ. ਆਈ. ਨਵੀਂ ਦਿੱਲੀ ਵਿਖੇ 109 ਉੱਚ-ਉਪਜ ਵਾਲੀਆਂ, ਜਲਵਾਯੂ ਅਨੁਕੂਲ ਅਤੇ ਜੈਵ-ਸਸ਼ਕਤ ਫਸਲਾਂ ਦੀਆਂ ਕਿਸਮਾਂ ਜਾਰੀ ਕਰਨਗੇ । ਪ੍ਰਧਾਨ ਮੰਤਰੀ ਇਸ ਮੌਕੇ, ਕਿਸਾਨਾਂ ਅਤੇ ਵਿਗਿਆਨੀਆਂ ਨਾਲ ਗੱਲਬਾਤ ਵੀ ਕਰਨਗੇ । ਪ੍ਰਧਾਨ ਮੰਤਰੀ ਦਫਤਰ ਨੇ ਦੱਸਿਆ ਕਿ ਪ੍ਰਧਾਨ ਮੰਤਰੀ, 61 ਫਸਲਾਂ ਦੀਆਂ 109 ਕਿਸਮਾਂ ਜਾਰੀ ਕਰਨਗੇ, ਜਿਸ ਵਿੱਚ 34 ਖੇਤ ਫਸਲਾਂ ਅਤੇ 27 ਬਾਗਬਾਨੀ ਫਸਲਾਂ ਸ਼ਾਮਲ ਨੇ । ਖੇਤਾਂ ਦੀਆਂ ਫਸਲਾਂ ਵਿੱਚ, ਬਾਜਰਾ, ਚਾਰੇ ਦੀਆਂ ਫਸਲਾਂ, ਤੇਲ ਬੀਜ, ਦਾਲ, ਗੰਨਾ, ਕਪਾਹ, ਫਾਈਬਰ ਅਤੇ ਹੋਰ ਸੰਭਾਵੀ ਫਸਲਾਂ ਸਮੇਤ ਵੱਖ-ਵੱਖ ਅਨਾਜਾਂ ਦੇ ਬੀਜ ਜਾਰੀ ਕੀਤੇ ਜਾਣਗੇ । ਬਾਗਬਾਨੀ ਫਸਲਾਂ ਵਿੱਚ ਫਲਾਂ, ਸਬਜ਼ੀਆਂ, ਬਾਗਾਨ ਫਸਲਾਂ, ਕੰਦ ਫਸਲਾਂ, ਮਸਾਲੇ, ਫੁੱਲਾਂ ਅਤੇ ਔਸ਼ਧੀ ਫਸਲਾਂ ਦੀਆਂ ਵੱਖ ਵੱਖ ਕਿਸਮਾਂ ਜਾਰੀ ਕੀਤੀਆਂ ਜਾਣਗੀਆਂ । ਪ੍ਰਧਾਨ ਮੰਤਰੀ ਮੋਦੀ ਨੇ ਹਮੇਸ਼ਾ, ਟਿਕਾਊ ਖੇਤੀ ਅਤੇ ਜਲਵਾਯੂ ਤਬਦੀਲੀ ਅਨੁਕੂਲ ਤਰੀਕਿਆਂ ਨੂੰ ਅਪਣਾਉਣ ਲਈ ਉਤਸ਼ਾਹਿਤ ਕੀਤਾ ਏ । ਉਨ੍ਹਾਂ ਭਾਰਤ ਨੂੰ ਕੁਪੋਸ਼ਣ ਤੋਂ ਮੁਕਤ ਬਣਾਉਣ ਲਈ ਮਿਡ-ਡੇ-ਮੀਲ, ਆਂਗਨਵਾੜੀ ਜਿਹੇ ਵੱਖ-ਵੱਖ ਸਰਕਾਰੀ ਪ੍ਰੋਗਰਾਮਾਂ ਨਾਲ ਜੋੜ ਕੇ ਫਸਲਾਂ ਦੀਆਂ ਜੈਵ-ਸਸ਼ਕਤ ਕਿਸਮਾਂ ਨੂੰ ਉਤਸ਼ਾਹਿਤ ਕਰਨ 'ਤੇ ਵੀ ਜ਼ੋਰ ਦਿੱਤਾ ਏ । ਪ੍ਰਧਾਨ ਮੰਤਰੀ ਮੋਦੀ ਨੇ ਜ਼ੋਰ

ਦੇ ਕੇ ਕਿਹਾ ਏ ਕਿ ਇਹ ਕਦਮ ਕਿਸਾਨਾਂ ਲਈ ਚੰਗੀ ਆਮਦਨ ਯਕੀਨੀ ਬਣਾਉਣਗੇ ਅਤੇ ਉਨ੍ਹਾਂ ਲਈ ਉੱਦਮਤਾ ਦੇ ਨਵੇਂ ਰਾਹ ਖੋਲ੍ਹਣਗੇ ਅਤੇ 109 ਉੱਚ ਉਪਜ ਵਾਲੀਆਂ ਕਿਸਮਾਂ ਨੂੰ ਜਾਰੀ ਕਰਨ ਦਾ ਇਹ ਉਪਰਾਲਾ, ਇਸ ਦਿਸ਼ਾ ਵਿੱਚ ਇੱਕ ਹੋਰ ਕਦਮ ਏ।

---------------------------------------------------------

ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ, ਬੈਂਕਾਂ ਨੂੰ 'ਕੋਰ ਬੈਂਕਿੰਗ' 'ਤੇ ਧਿਆਨ ਦੇਣ ਦੀ ਜਰੂਰਤ 'ਤੇ ਜ਼ੋਰ ਦਿੱਤਾ ਏ । ਨਵੀਂ ਦਿੱਲੀ ਵਿੱਚ, ਭਾਰਤੀ ਰਿਜ਼ਰਵ ਬੈਂਕ ਦੇ ਕੇਂਦਰੀ ਬੋਰਡ ਆਫ਼ ਡਾਇਰੈਕਟਰਜ਼ ਨਾਲ ਅੱਜ ਇਕ ਮੀਟਿੰਗ ਤੋਂ ਬਾਅਦ ਮੀਡੀਆ ਨੂੰ ਸੰਬੋਧਨ ਕਰਦਿਆਂ, ਉਨਾਂ ਕਿਹਾ ਕਿ ਬੈਂਕਾਂ ਨੂੰ ਆਪਣੇ ਮਹੱਤਵਪੂਰਨ ਕਾਰੋਬਾਰ ਨੂੰ ਤਰਜੀਹ ਦੇਣ ਲਈ ਕਿਹਾ ਗਿਆ ਏ, ਜਿਹੜੇ ਜਮ੍ਹਾ ਤੇ ਉਧਾਰ ਫੰਡ ਜੁਟਾ ਰਹੇ ਨੇ । ਵਿੱਤ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਨਾਮਜ਼ਦਗੀ ਪ੍ਰਬੰਧਾਂ ਦੀ ਸ਼ੁਰੂਆਤ ਇੱਕ ਗਾਹਕ ਪੱਖੀ ਕਦਮ ਏ । ਮੀਟਿੰਗ ਵਿੱਚ ਮੌਜੂਦ ਆਰ ਬੀ ਆਈ ਗਵਰਨਰ ਸ਼ਕਤੀਕਾਂਤ ਦਾਸ ਨੇ ਕਿਹਾ ਕਿ ਬੈਂਕ ਵਿਆਜ ਦਰਾਂ ਦਾ ਫੈਸਲਾ ਕਰਨ ਲਈ ਸੁਤੰਤਰ ਨੇ ਕਿਉਂਕਿ ਜਮ੍ਹਾਂ ਅਤੇ ਉਧਾਰ 'ਤੇ ਵਿਆਜ ਦਰਾਂ ਨੂੰ ਕੰਟਰੋਲ ਮੁਕਤ ਕੀਤਾ ਗਿਆ ਏ।

-------------------------------------------------

ਪੀ. ਜੀ. ਆਈ. ਚੰਡੀਗੜ੍ਹ ਦੀ 37ਵੀਂ ਕਨਵੋਕੇਸ਼ਨ ਮੌਕੇ ਬੋਲਦਿਆਂ ਭਾਰਤ ਦੇ ਚੀਫ਼ ਜਸਟਿਸ ਡੀ. ਵਾਈ. ਚੰਦਰਚੂੜ ਨੇ ਕਿਹਾ ਕਿ ਉਹ, ਪੀ. ਜੀ. ਆਈ. ਆ ਕੇ ਖੁਸ਼ ਨੇ। ਉਨ੍ਹਾਂ ਕਿਹਾ ਕਿ ਪੀ.ਜੀ.ਆਈ. ਚੰਡੀਗੜ੍ਹ ਇਕ ਅਜਿਹੀ ਸੰਸਥਾ ਏ, ਜਿਹੜੀ ਦੇਸ਼ ਵਿਚ ਡਾਕਟਰੀ ਗਿਆਨ ਤੇ ਖੋਜ ਵਿਚ ਸਭ ਤੋਂ ਉੱਤਮ ਏ। ਇਹ ਸੰਸਥਾ, 1962 ਤੋਂ ਬਹੁਤ ਵਧੀਆ ਕੰਮ ਕਰ ਰਹੀ ਏ। ਜਸਟਿਸ ਡੀ. ਵਾਈ. ਚੰਦਰਚੂੜ ਨੇ ਕਿਹਾ ਕਿ ਉਹ ਪਹਿਲਾਂ ਵੀ ਆਏ ਸਨ, ਜਦੋਂ ਉਨਾਂ ਦੀ ਛੋਟੀ ਧੀ ਬੀਮਾਰ ਸੀ ਅਤੇ ਇੱਥੇ 44 ਦਿਨ ਬਿਤਾਏ ਸਨ। ਉਨਾਂ ਕਿਹਾ ਕਿ ਇੱਥੇ ਡਾਕਟਰਾਂ ਨੇ ਉਸ ਦਾ ਵਧੀਆ ਇਲਾਜ ਕੀਤਾ। ਜਸਟਿਸ ਡੀ. ਵਾਈ. ਚੰਦਰਚੂੜ ਨੇ ਕਿਹਾ ਕਿ ਪੀ.ਜੀ.ਆਈ., ਦੇਸ਼ ਦੀ ਖੁਸ਼ਹਾਲੀ ਲਈ ਕੰਮ ਕਰ ਰਿਹਾ ਏ। ਉਨ੍ਹਾਂ ਕਿਹਾ ਕਿ ਉਨਾਂ ਦਾ ਮੰਨਣਾ ਏ, ਕਿ ਜਿਹੜੇ ਲੋਕ ਅੱਜ ਗ੍ਰੈਜੂਏਟ ਹੋਏ ਨੇ, ਉਹ ਨਾ ਸਿਰਫ਼ ਡਾਕਟਰ ਬਲਕਿ ਰਾਸ਼ਟਰ ਨਿਰਮਾਤਾ ਬਣਨਗੇ, ਜਿਸ ਦਾ ਅਸੀਂ ਭਵਿੱਖ ਵਿਚ ਸਪਨਾ ਵੇਖ ਰਹੇ ਹਾਂ।

-------------------------------------------------

ਭਾਰਤੀ ਜਨਤਾ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਨੇ ਕਿਹਾ ਏ, ਕਿ ਪੰਜਾਬ ਵਿੱਚੋਂ ਤਿੰਨ ਕੇਂਦਰੀ ਸੜਕ

ਪ੍ਰੋਜੈਕਟਾਂ ਦਾ ਵਾਪਿਸ ਹੋਣਾ, ਸੂਬੇ ਲਈ ਮੰਦਭਾਗਾ ਏ । ਇਕ ਬਿਆਨ ਵਿੱਚ ਉਨਾਂ ਕਿਹਾ ਕਿ ਆਮ ਆਦਮੀ ਪਾਰਟੀ , ਸਰਕਾਰ 3 ਹਜ਼ਾਰ 264 ਕਰੋੜ ਰੁਪਏ ਦੇ ਪ੍ਰੋਜੈਕਟ ਲਈ ਪੰਜਾਬ ਵਿਚ ਜਮੀਨ ਮੁਹਈਆ ਕਰਵਾਉਣ ਵਿੱਚ ਬੁਰੀ ਤਰ੍ਹਾਂ ਨਾਕਾਮ ਰਹੀ ਏ । ਉਨ੍ਹਾਂ ਕਿਹਾ ਕਿ ਪੰਜਾਬ 'ਚ ਅਮਨ-ਕਾਨੂੰਨ ਦੀ ਸਥਿਤੀ ਇਸ ਹੱਦ ਤੱਕ ਬਦਹਾਲ ਹੋ ਚੁੱਕੀ ਏ, ਜਿਸਦੇ ਚਲਦੇ ਠੇਕੇਦਾਰਾਂ ਵਲੋਂ ਕੰਮ ਕਰਨ ਤੋਂ ਇਨਕਾਰ ਕਰਨ ਤੇ ਵੀ ਸੂਬੇ ਵਿਚ ਹਾਈਵੇ ਪ੍ਰਾਜੈਕਟਾਂ 'ਤੇ ਰੋਕ ਲੱਗਣਾ ਸਰਕਾਰ ਦੀ ਨਾਕਾਮੀ ਏ । ਅਰਵਿੰਦ ਖੰਨਾ ਨੇ ਕਿਹਾ ਕਿ ਇਸ ਤੋਂ ਪਤਾ ਚੱਲਦਾ ਏ, ਕਿ ਇਹ ਸਰਕਾਰ ਸੂਬੇ ਦੇ ਵਿਕਾਸ ਅਤੇ ਮੁਢਲੇ ਢਾਂਚੇ ਲਈ ਕਿੰਨੀ ਗੰਭੀਰ ਏ ।ਉਨ੍ਹਾਂ ਕਿਹਾ ਕਿ ਮਹਿਜ਼ ਬਿਆਨਬਾਜ਼ੀ ਜਾਂ ਇਸ਼ਤਿਹਾਰਬਾਜ਼ੀ ਕਰਕੇ ਪੰਜਾਬ ਰੰਗਲਾ ਨਹੀਂ ਬਣ ਸਕਦਾ ਬਲਕਿ ਇਸ ਲਈ ਵਿਆਪਕ ਯੋਜਨਾ ਉਲੀਕਣ ਦੀ ਜਰੂਰਤ ਏ । ਉਨ੍ਹਾਂ ਕਿਹਾ ਕਿ ਜੇਕਰ ਇਹ ਸੜਕ ਪ੍ਰੋਜੈਕਟ, ਨੇਪਰੇ ਚੜ੍ਹ ਜਾਂਦੇ ਤਾਂ ਸੂਬੇ ਨੂੰ ਵੱਡਾ ਆਰਥਿਕ ਅਤੇ ਵਪਾਰਿਕ ਲਾਭ ਮਿਲਣਾ ਸੀ ।

------------------------------------------------

ਏਧਰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ, ਸੁਖਬੀਰ ਸਿੰਘ ਬਾਦਲ ਨੇ ਹੈਰਾਨੀ ਪ੍ਰਗਟ ਕੀਤੀ ਏ, ਕਿ ਮੁੱਖ ਮੰਤਰੀ ਨੇ ਪੰਜਾਬ ਦੇ ਵਿਕਾਸ ਨਾਲ

ਸਮਝੌਤਾ ਕੀਤਾ ਅਤੇ ਦਿੱਲੀ-ਅੰਮ੍ਰਿਤਸਰ-ਕੱਟੜਾ ਐਕਸਪ੍ਰੈਸ ਵੇਅ ਲਈ ਜਾਣ ਬੁੱਝ ਕੇ ਜ਼ਮੀਨ ਐਕਵਾਇਰ ਕਰਨ ਪ੍ਰਤੀ, ਅਣਗਹਿਲੀ ਵਰਤ ਕੇ ਭਵਿੱਖ ਦੀਆਂ ਪੀੜੀਆਂ ਨੂੰ ਖ਼ਤਰੇ ਵਿਚ ਪਾਇਆ ਅਤੇ ਭਾਰਤੀ ਰਾਸ਼ਟਰੀ ਸ਼ਾਹਰਾਹ ਅਥਾਰਟੀ ਦੇ ਅਫਸਰਾਂ ਤੇ ਸਟਾਫ ਦੀ ਸੁਰੱਖਿਆ ਯਕੀਨੀ ਬਣਾਉਣ ਤੋਂ ਨਾਂਹ ਕੀਤੀ, ਜਿਸ ਕਾਰਣ 104 ਕਿਲੋਮੀਟਰ ਲੰਬੇ 3 ਹਜ਼ਾਰ 263 ਕਰੋੜ ਰੁਪਏ ਦੇ ਪ੍ਰਾਜੈਕਟ ਰੱਦ ਹੋ ਗਏ ਤੇ 293 ਕਿਲੋਮੀਟਰ ਦੇ 14 ਹਜ਼ਾਰ 288 ਕਰੋੜ ਰੁਪਏ ਦੇ 8 ਹੋਰ ਪ੍ਰਾਜੈਕਟ ਰੱਦ ਹੋਣ ਕੰਢੇ ਨੇ। ਚੰਡੀਗੜ੍ਹ ਤੋਂ ਅੱਜ ਜਾਰੀ ਇਕ ਬਿਆਨ ਵਿਚ, ਉਨਾਂ ਸਵਾਲ ਕੀਤਾ ਏ, ਕਿ ਮੁੱਖ ਮੰਤਰੀ ਨੇ ਕਿਵੇਂ ਪ੍ਰਸ਼ਾਸਨ ਅਤੇ ਕਾਨੂੰਨ ਵਿਵਸਥਾ ਦੀ ਇੰਨੀ ਮਾੜੀ ਹਾਲਤ ਹੋਣ ਦਿੱਤੀ ਕਿ ਕੇਂਦਰੀ ਸੜਕ ਟਰਾਂਸਪੋਰਟ ਤੇ ਸ਼ਾਹਰਾਹ ਮੰਤਰੀ ਨਿਤਿਨ ਗਡਕਰੀ ਨੂੰ ਉਹਨਾਂ ਨੂੰ, ਆਖਣਾ ਪਿਆ ਕਿ ਉਹ ਪ੍ਰਾਜੈਕਟ ਦੀ ਸੁਰਜੀਤੀ ਵਾਸਤੇ ਆਪ ਦਖਲ ਦੇਣ।

---

ਪਠਾਨਕੋਟ ਜ਼ਿਲਾ ਭਾਰਤੀ ਜਨਤਾ ਪਾਰਟੀ ਦੀ ਇਕ ਮੀਟਿੰਗ, ਜ਼ਿਲ੍ਹਾ ਪ੍ਰਧਾਨ ਵਿਜੇ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ। ਇਸ ਵਿੱਚ ਯੁਵਾ ਮੋਰਚਾ ਦੇ ਅਹੁਦੇਦਾਰਾਂ ਅਤੇ ਮਹਿਲਾ ਮੋਰਚਾ ਦੇ ਪ੍ਰਧਾਨਾਂ ਨੇ ਹਿੱਸਾ ਲਿਆ।

ਜ਼ਿਲ੍ਹਾ ਪ੍ਰਧਾਨ ਵਿਜੇ ਸ਼ਰਮਾ ਨੇ ਕਿਹਾ ਕਿ  ਹਰ ਘਰ ਵਿੱਚ ਤਿਰੰਗਾ ਝੰਡਾ ਲਗਾਇਆ ਜਾਵੇ, ਇਸ ਲਈ ਮੰਡਲ ਪ੍ਰਧਾਨ ਅਤੇ ਜਨਰਲ ਸਕੱਤਰ ਹਰ ਵਾਰਡ ਜਾਂ ਪਿੰਡ ਦੇ ਵਰਕਰਾਂ ਨੂੰ ਨਾਲ ਲੈ ਕੇ, ਹਰ ਡਿਵੀਜ਼ਨ ਅਧੀਨ ਤਿਰੰਗਾ ਲਹਿਰਾਉਣਗੇ । ਵਿਜੇ ਸ਼ਰਮਾ ਨੇ ਦੱਸਿਆ ਕਿ ਇਸ ਲਈ, ਭਾਰਤੀ ਜਨਤਾ ਯੁਵਾ ਮੋਰਚਾ ਵੱਲੋਂ ਜ਼ਿਲ੍ਹਾ ਜਨਰਲ ਸਕੱਤਰ ਸੁਰੇਸ਼ ਸ਼ਰਮਾ ਦੀ ਪ੍ਰਧਾਨਗੀ ਹੇਠ, ਪੰਜ ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਏ। ਉਨਾਂ ਕਿਹਾ ਕਿ ਤਿੰਨੋਂ ਵਿਧਾਨ ਸਭਾ ਹਲਕਿਆਂ ਵਿੱਚ, 12 ਤੋਂ 15 ਅਗਸਤ  ਤੱਕ ਸ਼ਹੀਦ ਸਮਾਰਕਾਂ ਤੇ ਸਫਾਈ ਅਭਿਆਨ ਚਲਾਇਆ ਜਾਏਗਾ ਅਤੇ 15 ਅਗਸਤ ਨੂੰ ਭਾਰਤੀ ਜਨਤਾ ਪਾਰਟੀ ਵੱਲੋਂ, ਪਠਾਨਕੋਟ ਚਿਲਡਰਨ ਪਾਰਕ ਵਿੱਚ ਤਿਰੰਗਾ ਝੰਡਾ ਲਹਿਰਾਇਆ ਜਾਵੇਗਾ।

---------------------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ, ਆਮ ਚੋਣਾਂ ਲਈ ਬਣ ਰਹੀਆਂ ਵੋਟਾਂ ਨੂੰ, ਪਾਰਦਰਸ਼ੀ ਅਤੇ ਯੋਗ ਸਿੱਖ ਵੋਟਰਾਂ ਦੀ ਰਜਿਸਟ੍ਰੇਸ਼ਨ ਯਕੀਨੀ ਬਣਾਉਣ ਲਈ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਮੁੱਖ ਕਮਿਸ਼ਨਰ ਗੁਰਦੁਆਰਾ ਚੋਣਾਂ ਜਸਟਿਸ ਐੱਸ. ਐੱਸ. ਸਾਰੋਂ ਨੂੰ ਪੱਤਰ ਲਿਖਿਆ ਏ । ਉਨ੍ਹਾਂ ਇਸ ਗੱਲ ਦਾ ਸਖ਼ਤ ਇਤਾਰਜ਼

ਪ੍ਰਗਟਾਇਆ. ਕਿ ਸੂਬਾ ਸਰਕਾਰ ਵੱਲੋਂ ਗੁਰਦੁਆਰਾ ਚੋਣਾਂ ਲਈ. ਰਜਿਸਟ੍ਰੇਸ਼ਨ ਵਾਸਤੇ ਨਿਰਧਾਰਤ ਨਿਯਮਾਂ ਦੀ ਅਣਦੇਖੀ ਕੀਤੀ ਜਾ ਰਹੀ ਏ। ਉਨ੍ਹਾਂ ਕਿਹਾ ਕਿ ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿੱਚੋਂ. ਸੰਗਤ ਵੱਲੋਂ ਸ਼ਿਕਾਇਤਾਂ ਅਤੇ ਜਾਣਕਾਰੀ ਦਿੱਤੀ ਗਈ ਏ, ਕਿ ਵੋਟਾਂ ਬਣਾਉਣ ਵਾਲੇ ਸਰਕਾਰ ਦੇ ਕਰਮਚਾਰੀ ਲੋਕ ਸਭਾ ਅਤੇ ਵਿਧਾਨ ਸਭਾ ਦੀਆਂ ਵੋਟਰ ਲਿਸਟਾਂ ਵਿੱਚੋਂ ਬਿਨਾਂ ਤਸਦੀਕ ਕੀਤਿਆਂ, ਆਪਣੇ ਤੌਰ 'ਤੇ ਹੀ ਨਾਮ ਚੁੱਕ ਕੇ ਨਿਯਮਾਂ ਨੂੰ ਅਣਦੇਖਾ ਕਰਦਿਆਂ, ਵੋਟਰ ਬਣਾ ਰਹੇ ਨੇ। ਇਸ ਤਹਿਤ ਅੰਮ੍ਰਿਤਧਾਰੀ ਤੇ ਸਾਬਤ ਸੂਰਤ ਸਿੱਖ ਦੀ ਸ਼ਰਤ ਦੀ ਉਲੰਘਣਾ ਹੋਣ ਦਾ ਖ਼ਦਸ਼ਾ ਏ। ਉਨਾਂ ਕਿਹਾ ਕਿ ਮੁੱਖ ਕਮਿਸ਼ਨਰ ਇਸ ਮਾਮਲੇ ਵਿੱਚ ਸਖ਼ਤ ਹੁਕਮ ਜਾਰੀ ਕਰਨ, ਤਾਂ ਜੋ ਇਹ ਯਕੀਨੀ ਬਣ ਸਕੇ ਕਿ ਕਿਸੇ ਵੀ ਗੈਰ ਸਿੱਖ ਅਤੇ ਪਤਿਤ ਦੀ ਵੋਟ ਨਾ ਬਣੇ।

---------------------------------------------------------------

ਜ਼ਿਲ੍ਹਾ ਭਾਸ਼ਾ ਦਫ਼ਤਰ ਬਠਿੰਡਾ ਨੇ ਜ਼ਿਲ੍ਹਾ-ਪੱਧਰੀ ਪੰਜਾਬੀ ਸਾਹਿਤ ਸਿਰਜਣ ਅਤੇ ਕਵਿਤਾ ਗਾਇਨ ਮੁਕਾਬਲੇ ਆਰ.ਬੀ.ਡੀ.ਏ.ਵੀ. ਸਕੂਲ ਵਿਖੇ ਕਰਵਾਏ। ਇਨ੍ਹਾਂ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਸਰਕਾਰੀ, ਏਡਿਡ ਅਤੇ ਪ੍ਰਾਈਵੇਟ ਸਕੂਲਾਂ ਦੇ ਕੋਈ 150 ਵਿਦਿਆਰਥੀਆਂ ਨੇ ਹਿੱਸਾ ਲਿਆ। ਇਨ੍ਹਾਂ ਮੁਕਾਬਲਿਆਂ ਵਿੱਚ ਸਤਿਕਾਰਤ ਮਹਿਮਾਨਾਂ ਵਜੋਂ ਚੇਅਰਮੈਨ

ਜ਼ਿਲ੍ਹਾ ਯੋਜਨਾ ਕਮੇਟੀ ਅੰਮ੍ਰਿਤ ਲਾਲ ਅਗਰਵਾਲ, ਜ਼ਿਲ੍ਹਾ ਸਿੱਖਿਆ ਅਫ਼ਸਰ ਸ਼ਿਵ ਪਾਲ ਗੋਇਲ, ਨਾਮਵਰ ਗੀਤਕਾਰ ਜਨਕ ਰਾਜ ਸ਼ਰਮੀਲਾ ਅਤੇ ਪ੍ਰਿੰਸੀਪਲ ਆਰ.ਪੀ.ਸੀ. ਕਾਲਜ ਬਹਿਮਣ ਦੀਵਾਨਾ ਜਸਵਿੰਦਰ ਸਿੰਘ ਸੰਧੂ ਸ਼ਾਮਿਲ ਹੋਏ । ਇਸ ਮੌਕੇ ਅੰਮ੍ਰਿਤ ਲਾਲ ਅਗਰਵਾਲ ਨੇ ਭਾਸ਼ਾ ਵਿਭਾਗ ਵੱਲੋਂ ਵਿਦਿਆਰਥੀਆਂ ਨੂੰ ਸੇਧ ਦੇਣ ਵਾਲ਼ੇ ਉਪਰਾਲਿਆਂ ਦੀ ਸ਼ਲਾਘਾ ਕੀਤੀ । ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਪੰਜਾਬੀ ਭਾਸ਼ਾ ਨੂੰ ਸਿਖਰ 'ਤੇ ਲਿਜਾਣ ਲਈ ਇਤਿਹਾਸਕ ਕਦਮ ਚੁੱਕੇ ਨੇ ਜਿਹੜੇ ਅੱਗੇ ਵੀ ਜਾਰੀ ਰਹਿਣਗੇ । ਜਨਕ ਸ਼ਰਮੀਲਾ ਨੇ ਇਨ੍ਹਾਂ ਮੁਕਾਬਲਿਆਂ ਵਿਚ ਹਿੱਸਾ ਲੈਣ ਵਾਲ਼ੇ ਵਿਦਿਆਰਥੀਆਂ ਦੀ ਹੌਂਸਲਾ-ਅਫ਼ਜ਼ਾਈ ਕੀਤੀ ਅਤੇ ਜਸਵਿੰਦਰ ਸਿੰਘ ਸੰਧੂ ਨੇ ਵਿਦਿਆਰਥੀ ਜੀਵਨ ਵਿੱਚ, ਅਜਿਹੇ ਮੁਕਾਬਲਿਆਂ ਦੀ ਮਹਤੱਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ।

------------------------------------------------------------

ਪੈਰਿਸ ਓਲੰਪਿਕ 'ਚ ਕਾਂਸੀ ਦਾ ਤਗਮਾ ਜਿੱਤਣ ਵਾਲੀ ਭਾਰਤੀ ਮਰਦ ਹਾਕੀ ਟੀਮ ਦੇ ਖਿਡਾਰੀਆਂ ਦਾ ਅੱਜ ਦਿੱਲੀ ਹਵਾਈ ਅੱਡੇ ਪਹੁੰਚਣ 'ਤੇ ਸ਼ਾਨਦਾਰ ਸਵਾਗਤ ਕੀਤਾ ਗਿਆ । ਕਪਤਾਨ ਹਰਮਨਪ੍ਰੀਤ ਸਿੰਘ, ਗੋਲਕੀਪਰ ਪੀ.ਆਰ.ਸ਼੍ਰੀਜੇਸ਼ ਅਤੇ ਸਾਬਕਾ ਕਪਤਾਨ ਮਨਪ੍ਰੀਤ ਸਿੰਘ

ਸਮੇਤ ਸਾਰੇ ਖਿਡਾਰੀਆਂ ਦਾ ਢੋਲ ਨਾਲ ਸਵਾਗਤ ਕੀਤਾ ਗਿਆ । ਹਰਮਨਪ੍ਰੀਤ ਸਿੰਘ ਨੇ ਕਿਹਾ ਕਿ ਦੇਸ਼ ਲਈ ਮੈਡਲ ਜਿੱਤ ਕੇ ਉਸ ਨੂੰ ਮਾਣ ਏ । ਏਧਰ ਕੇਂਦਰੀ ਖੇਡ ਮੰਤਰੀ ਡਾ: ਮਨਸੁਖ ਮਾਂਡਵੀਆ ਨੇ, ਭਾਰਤੀ ਹਾਕੀ ਟੀਮ ਨੂੰ ਵਧਾਈ ਦਿੱਤੀ । ਉਨ੍ਹਾਂ ਟੀਮ ਦੀ ਲਗਨ ਅਤੇ ਮਿਹਨਤ ਦੀ ਸ਼ਲਾਘਾ ਕੀਤੀ।